**ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਦੀ ਪ੍ਰਧਾਨਗੀ ਹੇਠ ਹੋਈ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੀ ਜਨਰਲ ਬਾਡੀ ਦੀ ਮੀਟਿੰਗ**

ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਸਹਿਯੋਗ ਦੇ ਨਾਲ ਸਫ਼ਲਤਾਪੂਰਵਕ ਚਲਾਈ ਜਾ ਰਹੀ ਹੈ ਸਾਂਝੀ ਰਸੋਈ : ਡਿਪਟੀ ਕਮਿਸ਼ਨਰ

ਪੱਟੀ ਵਿਖੇ 25 ਅਗਸਤ ਨੂੰ ਹੋਵੇਗੀ ਸਾਂਝੀ ਰਸੋਈ ਦੀ ਸ਼ੁਰੂਆਤ

ਤਰਨਤਾਰਨ, 23 ਅਗਸਤ :

ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੀ ਜਨਰਲ ਬਾਡੀ ਦੀ ਮੀਟਿੰਗ ਅੱਜ ਡਿਪਟੀ ਕਮਿਸ਼ਨਰ-ਕਮ- ਪ੍ਰਧਾਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਸੰਦੀਪ ਰਿਸ਼ੀ, ਐੱਸ.ਡੀ.ਐੱਮ. ਤਰਨਤਾਰਨ ਡਾ. ਅਮਨਦੀਪ ਕੌਰ, ਐੱਸ.ਡੀ.ਐੱਮ. ਪੱਟੀ ਸ੍ਰੀ ਸੁਰਿੰਦਰ ਸਿੰਘ, ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ ਸ੍ਰ. ਜਗਜੀਤ ਸਿੰਘ, ਜ਼ਿਲ੍ਹਾ ਮਾਲ ਅਫ਼ਸਰ ਅਰਵਿੰਦਰਪਾਲ ਸਿੰਘ, ਜ਼ਿਲ੍ਹਾ ਖੁਰਾਕ ਅਤੇ ਸਪਲਾਈ ਕੰਟਰੋਲਰ ਡਾ. ਨਿਰਮਲ ਸਿੰਘ, ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਨਿਰਮਲ ਸਿੰਘ, ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ) ਬਲਬੀਰ ਸਿੰਘ ਅਤੇ ਸੈਕਟਰੀ ਰੈੱਡ ਕਰਾਸ ਸ੍ਰ. ਕੁਲਦੀਪ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।



ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਸੰਬੰਧੀ ਜਾਣਕਾਰੀ ਹਾਸਿਲ ਕੀਤੀ ਗਈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਸਹਿਯੋਗ ਦੇ ਨਾਲ ਚਲਾਈ ਜਾ ਰਹੀ ਸਾਂਝੀ ਰਸੋਈ ਸਫ਼ਲਤਾਪੂਰਵਕ ਚੱਲ ਰਹੀ ਹੈ, ਜਿਸ ਵਿੱਚ ਰੋਜ਼ਾਨਾ ਲੱਗਭੱਗ 80 ਵਿਅਕਤੀਆਂ ਨੂੰ 10 ਰੁਪਏ ਥਾਲੀ ਦੇ ਹਿਸਾਬ ਨਾਲ ਸਸਤਾ ਅਤੇ ਵਧੀਆ ਖਾਣਾ ਮੁਹੱਈਆ ਕਰਵਾਇਆ ਜਾ ਰਿਹਾ ਹੈ। ਡਿਪਟੀ ਕਮਿਸ਼ਨਰ

ਨੇ ਦੱਸਿਆ ਕਿ 25 ਅਗਸਤ ਨੂੰ ਸਬ ਡਵੀਜ਼ਨ ਪੱਟੀ ਵਿਖੇ ਸਾਂਝੀ ਰਸੋਈ ਸ਼ੁਰੂ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਖਡੂਰ ਸਾਹਿਬ ਵਿਖੇ ਵੀ ਸਾਂਝੀ ਰਸੋਈ ਜਲਦ ਹੀ ਸ਼ੁਰੂ ਕੀਤੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ 6 ਸਿਖਲਾਈ ਸੈਂਟਰ ਚਲਾਏ ਜਾ ਰਹੇ ਹਨ, ਜਿਥੇ ਲੋੜਵੰਦ ਲੜਕੀਆਂ ਨੂੰ ਸਿਲਾਈ ਦੀ ਟ੍ਰੇਨਿੰਗ ਮੁਫ਼ਤ ਦਿੱਤੀ ਜਾ ਰਹੀ ਹੈ। ਮੀਟਿੰਗ ਦੌਰਾਨ ਉਨ੍ਹਾਂ ਸੰਬੰਧਿਤ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਰੈੱਡ ਕਰਾਸ ਵੱਲੋਂ ਵੱਧ ਤੋਂ ਵੱਧ ਖ਼ੂਨਦਾਨ ਕੈਂਪ ਲਗਾਏ ਜਾਣ, ਇਸ ਲਈ ਯੂਥ ਕਲੱਬਾਂ, ਸਕੂਲਾਂ ਅਤੇ ਕਾਲਜਾਂ ਦਾ ਵੀ ਸਹਿਯੋਗ ਲਿਆ ਜਾਵੇ।

ਮੀਟਿੰਗ ਦੌਰਾਨ ਉਨ੍ਹਾਂ ਹਾਜ਼ਰ ਅਧਿਕਾਰੀਆਂ ਨੂੰ ਕਿਹਾ ਕਿ ਉਹ ਰੈੱਡ ਕਰਾਸ ਨੂੰ ਵੱਧ ਤੋਂ ਵੱਧ ਦਾਨ ਕਰਵਾਉਣ ਲਈ ਮੈਰਿਜ ਪੈਲੇਸ ਮਾਲਿਕਾਂ, ਭੱਠਾ ਮਾਲਿਕਾਂ, ਗੈਸ ਏਜੰਸੀ ਮਾਲਿਕਾਂ, ਪੈਟਰੋਲ ਪੰਪ ਮਾਲਿਕਾਂ ਅਤੇ ਹੋਰ ਸਮਾਜ ਸੇਵਕ ਨੂੰ ਪ੍ਰੇਰਿਤ ਕਰਨ ਤਾਂ ਜੋ ਰੈੱਡ ਕਰਾਸ ਵੱਲੋਂ ਲੋੜਵੰਦਾਂ ਦੀ ਵੱਧ ਤੋਂ ਵੱਧ ਮਦਦ ਕੀਤੀ ਜਾ ਸਕੇ।

ਉਨ੍ਹਾਂ ਸੈਕਟਰੀ ਰੈੱਡ ਕਰਾਸ ਨੂੰ ਹਦਾਇਤ ਕੀਤੀ ਕਿ ਸੁਸਾਇਟੀ ਵੱਲੋਂ ਸਾਲ ਵਿੱਚ ਲੱਗਭੱਗ 1800 ਸਕੂਲੀ ਵਿਦਿਆਰਥੀਆਂ ਨੂੰ 10 ਦਿਨਾਂ ਫਸਟ ਏਡ ਟ੍ਰੇਨਿੰਗ ਕੋਰਸ ਕਰਵਾਇਆ ਜਾਵੇ। ਉਨ੍ਹਾਂ ਦੱਸਿਆ ਕਿ ਰੈੱਡ ਕਰਾਸ ਸੁਸਾਇਟੀ ਵੱਲੋਂ ਕਰਵਾਈ ਜਾਂਦੀ ਫਸਟ ਏਡ ਟ੍ਰੇਨਿੰਗ ਦੀ 500 ਰੁਪਏ ਫ਼ੀਸ ਲਈ ਜਾਂਦੀ ਹੈ ਅਤੇ ਟ੍ਰੇਨਿੰਗ ਹਾਸਿਲ ਕਰਨ ਵਾਲੇ ਵਿਅਕਤੀਆਂ ਨੂੰ ਨੈਸ਼ਨਲ ਰੈੱਡ ਕਰਾਸ ਸੁਸਾਇਟੀ ਨਵੀਂ ਦਿੱਲੀ ਵੱਲੋਂ ਸਰਟੀਫਿਕੇਟ ਦਿੱਤਾ ਜਾਂਦਾ ਹੈ।

-------------------------